# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 17-03-2024**

ਪੰਜਾਬ ਦੇ ਸਾਰੇ ਹੀ 13 ਲੋਕ ਸਭਾ ਹਲਕਿਆਂ ਵਿਚ ਆਮ ਚੋਣਾਂ ਲਈ ਪੋਲਿੰਗ ਸਤਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਵੇਗੀ। ਇਸ ਲਈ ਨੋਟੀਫਿਕੇਸ਼ਨ ਸੱਤ ਮਈ ਨੂੰ ਜਾਰੀ ਕੀਤਾ ਜਾਵੇਗਾ।

**ਵੇਰਵੇ ਨਾਲ ਇਹ ਰਿਪੋਰਟ:**

*ਚੋਣਾਂ ਲਈ ਨੋਟੀਫਿਕੇਸ਼ਨ ਸੱਤ ਮਈ ਨੂੰ ਜਾਰੀ ਹੋਣ ਦੇ ਨਾਲ ਹੀ ਸੂਬੇ ਵਿਚ ਨਾਮਜ਼ਦਗੀਆਂ ਭਰਨ ਦਾ ਸਿਲਸਿਲਾ ਸ਼ੁਰੂ ਹੋ ਜਾਵੇਗਾ। ਨਾਮਜ਼ਦਗੀਆਂ ਭਰਨ ਦੀ ਆਖਰੀ ਤਾਰੀਕ 14 ਮਈ ਹੋਵੇਗੀ ਅਤੇ 15 ਮਈ ਨੂੰ ਨਾਮਜ਼ਦਗੀਆਂ ਦੀ ਜਾਂਚ ਪੜਤਾਲ ਕੀਤੀ ਜਾਵੇਗੀ। ਉਮੀਦਵਾਰ 17 ਮਈ ਤਕ ਆਪਣੇ ਨਾਮ ਵਾਪਸ ਲੈ ਸਕਣਗੇ। ਪੋਲਿੰਗ ਪਹਿਲੀ ਜੂਨ ਨੂੰ ਹੋਵੇਗੀ। ਆਖਰੀ ਗੇੜ ਵਿਚ ਚੋਣ ਹੋਣ*

*ਕਰਨ ਪੰਜਾਬ ਦੇ ਉਮੀਦਵਾਰਾਂ ਨੂੰ ਨਤੀਜੇ ਲਈ ਵੱਧ ਸਮੇਂ ਤਕ ਇੰਤਜਾਰ ਨਹੀਂ ਕਰਨਾ ਪਵੇਗਾ ਕਿਓਂਜੋ ਵੋਟਾਂ ਦੀ ਗਿਣਤੀ ਚਾਰ ਜੂਨ ਨੂੰ ਕੀਤੀ ਜਾਣੀ ਏ। ਚੋਣਾਂ ਦੇ ਐਲਾਨ ਦੇ ਨਾਲ ਹੀ ਆਦਰਸ਼ ਚੋਣ ਜਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਏ। ਹੁਣ ਕਿਸੇ ਵੀ ਨਵੇਂ ਵਿਕਾਸ ਕੰਮ ਨੂੰ ਸ਼ੁਰੂ ਕਰਨ ਤੇ ਪੂਰੀ ਤਰ੍ਹਾਂ ਰੋਕ ਹੋਵੇਗੀ। ਇਸ ਦੀ ਅਵਹੇਲਣਾ ਨੂੰ ਆਦਰਸ਼ ਚੋਣ ਜ਼ਾਬਤੇ ਦੀ ਸਪੱਸ਼ਟ ਉਲੰਘਣਾ ਮੰਨਿਆ ਜਾਵੇਗਾ। ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਪਹਿਲਾਂ ਸ਼ੁਰੂ ਵਿਕਾਸ ਕਾਰਜਾਂ ਨੂੰ ਹੀ ਮਨਜ਼ੂਰੀ ਮਿਲੇਗੀ। ਇਸ ਤੋਂ ਇਲਾਵਾ, ਵੱਖ-ਵੱਖ ਸਮਾਜਿਕ ਸੁਰੱਖਿਆ ਸਕੀਮਾਂ, ਭਲਾਈ ਪ੍ਰੋਗਰਾਮਾਂ ਅਤੇ ਹੋਰਾਂ ਅਧੀਨ ਨਵੀਂ ਰਜਿਸਟ੍ਰੇਸ਼ਨ 'ਤੇ ਵੀ ਪੂਰੀ ਤਰ੍ਹਾਂ ਪਾਬੰਦੀ ਹੋਵੇਗੀ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---

ਇਸ ਦੌਰਾਨ ਦੇਸ਼ ਵਿਚ ਲੋਕ ਸਭਾ ਚੋਣਾਂ ਦੇ ਐਲਾਨ ਤੋਂ ਬਾਅਦ ਪੰਜਾਬ ਦੇ ਮੁੱਖ ਚੋਣ ਅਫ਼ਸਰ ਸਿਬਿਨ ਸੀ ਨੇ ਚੰਡੀਗੜ੍ਹ ਤੋਂ ਕਲ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ-ਕਮ-ਜ਼ਿਲ੍ਹਾ ਚੋਣ ਅਧਿਕਾਰੀਆਂ ਨਾਲ ਵੀਡਿਓ

ਕਾਨਫਰੰਸਿੰਗ ਜ਼ਰੀਏ ਇਕ ਮੀਟਿੰਗ ਕੀਤੀ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਉਹ ਆਦਰਸ਼ ਚੋਣ ਜ਼ਾਬਤੇ ਐਮ ਸੀ ਸੀ ਦੇ ਦਿਸ਼ਾ-ਨਿਰਦੇਸ਼ਾਂ ਨੂੰ ਅਸਰਦਾਰ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਉਣ ਤਾਂ ਜੋ ਆਜਾਦ ਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਇਆ ਜਾ ਸਕੇ। ਸਿਬਿਨ ਸੀ ਨੇ ਅਧਿਕਾਰੀਆਂ ਨੂੰ ਐਮ ਸੀ ਸੀ ਟੀਮਾਂ ਨੂੰ ਸਰਗਰਮ ਰਹਿਣ ਅਤੇ ਜਨਤਕ ਤੇ ਨਿੱਜੀ ਸਥਾਨਾਂ 'ਤੇ ਸਾਰੀਆਂ ਉਲੰਘਣਾਵਾਂ ਨੂੰ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ ਨੇ। ਉਨ੍ਹਾਂ ਸੀ-ਵਿਜਿਲ ਐਪ 'ਤੇ ਅਧਿਕਾਰੀਆਂ ਨੂੰ ਸ਼ਿਕਾਇਤਾਂ 'ਤੇ ਕਾਰਵਾਈ ਕਰਨ ਲਈ 100 ਮਿੰਟ ਦੇ ਸਮੇਂ ਦੀ ਪਾਲਣਾ ਵੀ ਯਕੀਨੀ ਬਣਾਉਣ ਲਈ ਕਿਹਾ। ਸੀ-ਵਿਜਿਲ ਖਾਸ ਤੌਰ 'ਤੇ ਇੱਕ ਮੋਬਾਈਲ ਐਪਲੀਕੇਸ਼ਨ ਏ ਜਿਹੜੀ ਭਾਰਤੀ ਚੋਣ ਕਮਿਸ਼ਨ ਵਲੋਂ ਬਣਾਈ ਗਈ ਏ ਤਾਂ ਜੋ ਨਾਗਰਿਕਾਂ ਨੂੰ ਚੋਣਾਂ ਦੌਰਾਨ ਆਦਰਸ਼ ਚੋਣ ਜ਼ਾਬਤੇ ਦੀਆਂ ਉਲੰਘਣਾਵਾਂ ਦੀ ਰਿਪੋਰਟ ਕਰਨ ਦੇ ਸਮਰੱਥ ਬਣਾਇਆ ਜਾ ਸਕੇ। ਸਿਬਿਨ ਸੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਜ਼ਿਲ੍ਹਿਆਂ ਵਿੱਚ ਚੱਲ ਰਹੇ ਕੰਮਾਂ ਦੀ ਸੂਚੀ ਬਣਾ ਕੇ ਰੱਖਣ ਅਤੇ ਸਾਰੇ ਵਿਭਾਗਾਂ ਜਿਵੇਂ ਕਿ ਲੋਕ ਨਿਰਮਾਣ ਵਿਭਾਗ,

ਸਥਾਨਕ ਸਰਕਾਰਾਂ ਵਿਭਾਗ, ਹਾਊਸਿੰਗ ਤੇ ਸ਼ਹਿਰੀ ਵਿਕਾਸ ਵਿਭਾਗ ਅਤੇ ਸਿੰਚਾਈ ਵਿਭਾਗ ਆਦਿ ਦੇ ਮੁਖੀਆਂ ਤੋਂ ਚੱਲ ਰਹੇ ਕੰਮਾਂ ਦੀ ਤਸਦੀਕ ਕਰਵਾਉਣ ਅਤੇ ਇਹ ਯਕੀਨੀ ਬਣਾਉਣ ਕਿ ਚੋਣ ਕਮਿਸ਼ਨ ਦੀ ਮਨਜ਼ੂਰੀ ਤੋਂ ਬਿਨਾਂ ਕਿਸੇ ਜ਼ਿਲ੍ਹੇ ਵਿੱਚ ਕੋਈ ਹੋਰ ਵਿਕਾਸ ਕੰਮ ਸ਼ੁਰੂ ਨਾ ਕੀਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਇਹ ਨਿਰਦੇਸ਼ ਵੀ ਦਿੱਤਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸੁਵਿਧਾ ਪੋਰਟਲ ਸੁਚਾਰੂ ਢੰਗ ਨਾਲ ਕੰਮ ਕਰ ਰਿਹਾ ਹੋਵੇ ਅਤੇ ਇਜਾਜ਼ਤਾਂ ਸਮੇਂ ਸਿਰ ਤੇ ਬਿਨਾਂ ਪੱਖਪਾਤ ਦੇ ਦਿੱਤੀਆਂ ਜਾਣ। ਸੁਵਿਧਾ ਪੋਰਟਲ ਦਾ ਉਦੇਸ਼ ਵੱਖ-ਵੱਖ ਚੋਣ-ਸਬੰਧਤ ਗਤੀਵਿਧੀਆਂ ਨੂੰ ਚਲਾਉਣ ਲਈ ਸਿਆਸੀ ਪਾਰਟੀਆਂ ਅਤੇ ਉਮੀਦਵਾਰਾਂ ਵਲੋਂ ਇਜਾਜ਼ਤਾਂ ਲਈ ਅਰਜ਼ੀ ਦੇਣ ਦੀ ਪ੍ਰਕਿਰਿਆ ਨੂੰ ਆਸਾਨ ਬਣਾਉਣਾ ਏ। ਸਿਬਿਨ ਸੀ ਨੇ ਅਧਿਕਾਰੀਆਂ ਨੂੰ ਸਾਰੀਆਂ ਹੀ ਸਿਆਸੀ ਪਾਰਟੀਆਂ ਨਾਲ ਮੀਟਿੰਗਾਂ ਕਰਨ ਅਤੇ ਐਮ ਸੀ ਸੀ ਦੇ ਦਿਸ਼ਾ-ਨਿਰਦੇਸ਼ਾਂ ਬਾਰੇ ਜਾਣੂ ਕਰਵਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸਪੱਸ਼ਟ ਕੀਤਾ ਕਿ ਸਕੂਲ ਦੇ ਮੈਦਾਨਾਂ ਨੂੰ ਸਿਆਸੀ ਮੀਟਿੰਗਾਂ ਕਰਨ ਲਈ ਨਹੀਂ ਵਰਤਿਆ ਜਾ ਸਕਦਾ। ਮੀਟਿੰਗ ਦੌਰਾਨ ਵਧੀਕ ਮੁੱਖ ਚੋਣ ਅਧਿਕਾਰੀ ਹਰੀਸ਼ ਨੱਈਅਰ,

ਜੁਆਇੰਟ ਮੁੱਖ ਚੋਣ ਅਧਿਕਾਰੀ ਸਕੱਤਰ ਸਿੰਘ ਬੱਲ ਅਤੇ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਦੇ ਹੋਰ ਅਧਿਕਾਰੀ ਹਾਜ਼ਰ ਸਨ।

----------------------------------------------------------------

ਪੰਜਾਬ ਪੁਲਿਸ ਦੇ ਗੈਂਗਸਟਰ ਵਿਰੋਧੀ ਕਾਰਜ ਬਲ ਨੇ ਲਾਰੈਂਸ ਬਿਸ਼ਨੋਈ ਗੈਂਗ ਦੇ ਗੋਲਡੀ ਬਰਾੜ ਅਤੇ ਰੋਹਿਤ ਗੋਦਾਰਾ ਨਾਲ ਸਬੰਧਤ ਤਿੰਨ ਕਾਰਕੁਨਾਂ ਨੂੰ ਜ਼ੀਰਕਪੁਰ ਤੋਂ ਗ੍ਰਿਫਤਾਰ ਕਰਕੇ ਸੂਬੇ ਵਿੱਚ ਸਨਸਨੀਖੇਜ਼ ਅਪਰਾਧਾਂ ਨੂੰ ਟਾਲਣ ਵਿੱਚ ਵੱਡੀ ਸਫਲਤਾ ਦਰਜ ਕੀਤੀ ਏ। ਇਹ ਜਾਣਕਾਰੀ ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਨੇ ਅੱਜ ਚੰਡੀਗੜ੍ਹ ਵਿਚ ਦਿੱਤੀ। ਉਨਾਂ ਕਿਹਾ ਕਿ ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਅਜੈ ਸਿੰਘ ਉਰਫ਼ ਅਜੈ ਪਾਲ ਤੇ ਅੰਕਿਤ ਦੋਵੇਂ ਵਾਸੀ ਭਿਵਾਨੀ ਹਰਿਆਣਾ ਅਤੇ ਲਖਵਿੰਦਰ ਸਿੰਘ ਉਰਫ਼ ਲੱਕੀ ਵਾਸੀ ਜ਼ੀਰਕਪੁਰ ਵਜੋਂ ਹੋਈ ਏ। ਮੁਲਜ਼ਮ ਅੰਕਿਤ ਦਾ ਅਪਰਾਧਿਕ ਪਿਛੋਕੜ ਏ ਅਤੇ ਉਹ ਹਰਿਆਣਾ ਵਿੱਚ ਕਤਲ, ਇਰਾਦਾ ਕਤਲ, ਜਬਰਨ ਵਸੂਲੀ ਤੇ ਅਸਲਾ ਐਕਟ ਸਮੇਤ ਕਈ ਘਿਨਾਉਣੇ ਅਪਰਾਧਿਕ ਕੇਸਾਂ ਵਿੱਚ ਸ਼ਾਮਲ ਏ। ਗੌਰਵ ਯਾਦਵ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ ’ਚੋਂ

ਪਵਾਇੰਟ 32 ਕੈਲੀਬਰ ਦੇ ਦੋ ਪਿਸਤੌਲਾਂ ਸਮੇਤ 11 ਜਿੰਦਾ ਕਾਰਤੂਸ ਬਰਾਮਦ ਕੀਤੇ ਨੇ। ਉਨਾਂ ਦੱਸਿਆ ਕਿ ਪੁਖ਼ਤਾ ਇਤਲਾਹ ’ਤੇ ਕਾਰਵਾਈ ਕਰਦਿਆਂ ਵਧੀਕ ਡੀ ਜੀ ਪੀ ਪ੍ਰਮੋਦ ਬਾਨ ਦੀ ਅਗਵਾਈ ਵਾਲੀਆਂ ਏ ਜੀ ਟੀ ਐਫ ਟੀਮਾਂ ਨੇ ਏ ਆਈ ਜੀ ਗੁਰਮੀਤ ਸਿੰਘ ਚੌਹਾਨ ਅਤੇ ਏ ਆਈ ਜੀ ਸੰਦੀਪ ਗੋਇਲ ਦੀ ਨਿਗਰਾਨੀ ਹੇਠ ਤਿੰਨੇਂ ਮੁਲਜ਼ਮਾਂ ਦਾ ਪਿੱਛਾ ਕਰਦਿਆਂ ਉਨ੍ਹਾਂ ਨੂੰ ਜ਼ੀਰਕਪੁਰ ਦੇ ਏਅਰਪੋਰਟ ਰੋਡ ਨੇੜੇ ਸਥਿਤ ਇੱਕ ਫਲੈਟ ਤੋਂ ਗ੍ਰਿਫ਼ਤਾਰ ਕੀਤਾ ਏ।

---------------------------------------------------------------

ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਿਵੀਜ਼ਨ ਨੇ ਦੇਸ਼ ਭਰ ਵਿੱਚ ਆਪਣੀਆਂ ਵੱਖ-ਵੱਖ ਖੇਤਰੀ ਨਿਊਜ਼ ਯੂਨਿਟਾਂ ਵਿੱਚ ਫੁੱਲ-ਟਾਈਮ ਕੰਟਰੈਕਟ ਆਧਾਰ 'ਤੇ ਕਾਰਜਕਾਰੀ ਸੰਪਾਦਕ ਅਤੇ ਨਿਊਜ਼ ਰੀਡਰ ਕਮ ਅਨੁਵਾਦਕ ਵਜੋਂ ਕੰਮ ਕਰਨ ਲਈ ਤਜਰਬੇਕਾਰ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਨੇ। ਇਸ ਵਿੱਚ ਪੰਜਾਬੀ ਭਾਸ਼ਾ ਲਈ ਅਰਜੀਆਂ ਵੀ ਸ਼ਾਮਲ ਨੇ । ਇਸ ਸੰਬੰਧੀ ਵੇਰਵਾ news on air. gov.in ਸਲੈਸ਼

vacancies 'ਤੇ ਉਪਲਬਧ ਏ। ਅਰਜ਼ੀਆਂ ਭੇਜਣ ਦੀ ਆਖਰੀ ਤਰੀਕ 19 ਮਾਰਚ ਏ।